ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

- **ਪੰਜਾਬ ਸਰਕਾਰ ਦੀ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਆਪਣੇ ਆਪ ਵਿਚ ਨਿਵੇਕਲਾ ਕਦਮ : ਢਿੱਲੋਂ**
- ਇੱਕ ਕਰੋੜ ਤੱਕ ਦੀ ਟਰਨ ਓਵਰ ਵਾਲੇ ਛੋਟੇ ਵਪਾਰੀ ਇਸ ਸਕੀਮ ਦਾ ਉਠਾਉਣਗੇ ਲਾਭ
- ਜ਼ਿਲ੍ਹਾ ਮੋਗਾ ’ਚ ਬਣਨਗੇ 6 ਹਜ਼ਾਰ ਤੋਂ ਵਧੇਰੇ ਵਪਾਰੀਆਂ ਦੇ ਸਮਾਰਟ ਕਾਰਡ

ਮੋਗਾ 22 ਅਪ੍ਰੈਲਃ

ਪੰਜਾਬ ਸਰਕਾਰ ਵਲੋਂ ਸਮਾਜਿਕ ਸੁਰੱਖਿਆ ਲਈ ਸੁਰੂ ਕੀਤੀ ਗਈ ਇਹ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਆਪਣੇ ਆਪ ਵਿੱਚ ਇੱਕ ਨਿਵੇਕਲਾ ਕਦਮ ਹੈ। ਪੰਜਾਬ ਸਰਕਾਰ ਨੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਵੱਡੇ ਹੰਭਲੇ ਮਾਰੇ ਹਨ ਅਤੇ ਇਸ ਸਰਕਾਰ ਨੇ ਲੋਕਾਂ ਦੀ ਖੁਸ਼ਹਾਲੀ ਅਤੇ ਸੂਬੇ ਦੇ ਵਿਕਾਸ ਨੂੰ ਹਮੇਸ਼ਾ ਪਹਿਲ ਦਿੱਤੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ  ਸ਼ਿੰਚਾਈ ਮੰਤਰੀ ਸ਼ਃ ਸ਼ਰਨਜੀਤ ਸਿੰਘ ਢਿੱਲੋ ਨੇ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ ਜ਼ਿਲ੍ਹਾ ਮੋਗਾ ਦੇ ਵਪਾਰੀਆਂ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਮੌਕੇ ਸਿਹਤ ਬੀਮਾ ਕਾਰਡ ਵੰਡਣ ਮੌਕੇ ਕੀਤਾ।

ਸ਼ਃ ਢਿੱਲੋਂ ਨੇ ਇਸ ਮੌਕੇ ’ਤੇ ਵਪਾਰੀਆਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗਰੀਬਾਂ, ਕਿਸਾਨਾਂ, ਵਪਾਰੀਆਂ ਤੇ ਕਿਰਤੀਆਂ ਲਈ ਸ਼ੁਰੂ ਕੀਤੀ ਗਈ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ ਜ਼ਿਲ੍ਹਾ ਮੋਗਾ ਵਿੱਚ 6 ਹਜ਼ਾਰ ਤੋਂ ਵਧੇਰੇ ਵਪਾਰੀਆਂ ਨੂੰ ‘ਸਿਹਤ ਬੀਮਾ ਸਮਾਰਟ ਕਾਰਡ’ ਜਾਰੀ ਕੀਤੇ ਜਾਣਗੇ, ਜਿਸ ਲਈ ਵਪਾਰੀਆਂ ਦੀ ਰਜਿਸਟਰੇਸ਼ਨ ਕਰਨ ਦੀ ਪ੍ਰਕਿਰਿਆ ਪੂਰੇ ਜੋਰਾਂ ’ਤੇ ਜ਼ਹੈ। ਉਨ੍ਹਾਂ ਕਿਹਾ ਕਿ ਅਕਾਲੀ ਭਾਜਪਾ ਸਰਕਾਰ ਨੇ ਰਾਜ ਦੇ ਸਮੂਹ ਵਰਗਾਂ ਦੀ ਭਲਾਈ ਅਹਿਮ ਭਲਾਈ ਸਕੀਮਾਂ ਬਣਾ ਕੇ ਉਨ੍ਹਾਂ ਨੂੰ ਲਾਗੂ ਕੀਤਾ ਹੈ। ਉਨ੍ਹਾਂ ਨੇ ਲੋਕਾਂ ਨੂੰ ਕਿਹਾ ਕਿ ਉਹ ਵਿਰੋਧੀ ਪਾਰਟੀਆਂ ਦੇ ਗੁਮਰਾਹ ਕੁੰਨ ਪ੍ਰਚਾਰ ਤੋਂ ਸੁਚੇਤ ਰਹਿਣ।

ਉਨ੍ਹਾਂ ਕਿਹਾ ਕਿ ਵਪਾਰੀ ਸਿਹਤ ਬੀਮਾ ਯੋਜਨਾ ਸਕੀਮ ਤਹਿਤ ਸੂਬੇ ਦੇ 2.33 ਲੱਖ ਲਾਭਪਾਤਰੀਆਂ ਨੂੰ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 1 ਕਰੋੜ ਤੱਕ ਦੀ ਟਰਨ ਓਵਰ ਵਾਲੇ ਛੋਟੇ ਵਪਾਰੀ ਇਸ ਸਕੀਮ ਦਾ ਲਾਭ ਉਠਾ ਸਕਦੇ ਹਨ। ਛੋਟੇ ਵਪਾਰੀਆਂ ਨੂੰ ਰਾਹਤ ਦੇਣ ਲਈ ‘ਰਾਹਤ ਸਕੀਮ’ ਵੀ ਲਾਗੂ ਕਰਨ ਦਾ ਸਰਕਾਰ ਵੱਲੋਂ ਫੈਸਲਾ ਕੀਤਾ ਗਿਆ ਹੈ ਜਿਸ ਤਹਿਤ 1.86 ਲੱਖ ਛੋਟੇ ਵਪਾਰੀਆਂ ਨੂੰ ਲਾਭ ਮਿਲੇਗਾ।

ਸਿੰਚਾਈ ਮੰਤਰੀ ਨੇ ਦੱਸਿਆ ਕਿ ਮੌਜੂਦਾ ਸਮੇਂ ਤੱਕ ਜ਼ਿਲ੍ਹਾ ਮੋਗਾ ਵਿੱਚ ਬਹੁਤ ਸਾਰੇ ਵਪਾਰੀਆਂ ਨੇ ਇਸ ਵਪਾਰੀ ਹਿੱਤੂ ਯੋਜਨਾ ਤਹਿਤ ਆਪਣੀ ਰਜਿਸਟਰੇਸ਼ਨ ਕਰਵਾ ਲਈ ਹੈ, ਅਤੇ 1 ਹਜ਼ਾਰ ਤੋ ਵਧੇਰੇ ਵਪਾਰੀਆਂ ਨੂੰ ਇਹ ਸਮਾਰਟ ਕਾਰਡ ਜ਼ਕੀਤੇ ਜਾ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਜਿਹੜੇ ਵਪਾਰੀਆਂ ਨੇ ਹਾਲੇ ਤੱਕ ਆਪਣੇ ਆਪ ਨੂੰ ਰਜਿਸਟਰਡ ਨਹੀਂ ਕਰਵਾਇਆ, ਉਹ ਜਲਦ ਤੋਂ ਜਲਦ ਰਜਿਸਟਰੇਸ਼ਨ ਕਰਵਾ ਲੈਣ ਤਾਂ ਜੋ ਉਹ ਵੀ ਇਸ ਯੋਜਨਾ ਦਾ ਹਿੱਸਾ ਬਣ

ਸਕਣ। ਉਨ੍ਹਾਂ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਬੰਧਤ ਦਸਤਾਵੇਜ਼ ਅਤੇ 'ਆਧਾਰ ਕਾਰਡ' ਲੈ ਕੇ ਉਪਰੋਕਤ ਦਫ਼ਤਰ ਨਾਲ ਸੰਪਰਕ ਕਰਨ ਅਤੇ ਆਪਣੀ ਰਜਿਸਟਰੇਸ਼ਨ ਕਰਾਉਣੀ ਯਕੀਨੀ ਬਣਾਉਣ।

ਸ੍ਰ: ਢਿੱਲੋ ਨੇ ਦੱਸਿਆ ਕਿ ਸਿਹਤ ਬੀਮਾ ਯੋਜਨਾ ਸਕੀਮ ਅਧੀਨ ਵਪਾਰੀ ਅਤੇ ਉਸ 'ਤੇ ਨਿਰਭਰ ਪਰਿਵਾਰਿਕ ਮੈਂਬਰਾਂ ਨੂੰ 50,000/-ਰੁਪਏ ਤੱਕ ਮੁਫ਼ਤ ਇਲਾਜ਼ ਸਰਕਾਰ ਵੱਲੋਂ ਪ੍ਰਵਾਨਿਤ ਸਰਕਾਰੀ ਅਤੇ ਪ੍ਰਾਈਵੇਟ 403 ਹਸਪਤਾਲਾਂ ਵਿੱਚ ਇਲਾਜ਼ ਕਰਵਾ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਵਪਾਰੀ ਦੀ ਹਾਦਸੇ ਵਿੱਚ ਮੌਤ ਅਤੇ ਅਪਾਹਿਜ ਹੋਣ 'ਤੇ 5 ਲੱਖ ਰੁਪਏ ਦਾ ਬੀਮਾ ਕਵਰ ਕੀਤਾ ਗਿਆ ਹੈ ਅਤੇ ਵਪਾਰੀ ਦੇ ਸਮਾਨ ਨੂੰ ਅੱਗ ਨਾਲ ਨੁਕਸਾਨ ਹੋਣ 'ਤੇ 5 ਲੱਖ ਰੁਪਏ ਦੇ ਬੀਮੇ ਦਾ ਲਾਭ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਜਿਲ੍ਹੇ ਦੀਆਂ ਮੰਡੀਆਂ 'ਚ ਵਿਸ਼ੇਸ਼ ਤੌਰ 'ਤੇ ਕੈਂਪ ਵੀ ਲਗਾਏ ਜਾਣਗੇ ਤਾਂ ਜੋ ਵੱਧ ਤੋਂ ਵੱਧ ਵਪਾਰੀ ਇਸ ਸਕੀਮ ਦਾ ਲਾਹਾ ਲੈ ਸਕਣ। ਇਹ ਕੈਂਪ ਦਫਤਰ ਕਰ ਤੇ ਆਬਕਾਰੀ ਵਿਭਾਗ ਮੋਗਾ ਵੱਲੋਂ ਲਗਾਏ ਜਾਣਗੇ।

ਸਮਾਗਮ 'ਚ ਹੋਰਨਾਂ ਤੋਂ ਇਲਾਵਾ ਮੇਅਰ ਨਗਰ ਨਿਗਮ ਅਕਸਿਤ ਜੈਨ, ਡਿਪਟੀ ਕਮਿਸ਼ਨਰ ਸ਼: ਕੁਲਦੀਪ ਸਿੰਘ ਵੈਦ, ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ, ਬੀ.ਜੇ.ਪੀ ਦੇ ਜਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਗਿੱਲ, ਵਧੀਕ ਕਰ ਤੇ ਆਬਕਾਰੀ ਕਮਿਸ਼ਨਰ ਤਰਸੇਮ ਸਹਿਗਲ, ਸੀਨੀਅਰ ਅਕਾਲੀ ਆਗੂ ਗੁਰਸ਼ਰਨਬੀਰ ਸਿੰਘ ਪੈਗ਼ੀ ਹੁੰਦਲ, ਚੇਅਰਮੈਨ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ ਇੰਦਰਜੀਤ ਗਰਗ ਜੌਲੀ, ਜਗਜੀਤ ਜੌੜਾ ਪੀ.ਏ ਟੂ ਜੱਥੇਦਾਰ ਤੀਰਥ ਸਿੰਘ ਮਾਹਲਾ, ਸਰਕਲ ਪ੍ਰਧਾਨ ਕੁਲਦੀਪ ਸਿੰਘ ਅਤੇ ਜਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀ ਤੇ ਕ੍ਰਮਚਾਰੀ ਹਾਜ਼ਰ ਸਨ।

ਨੰ: ਪੀ.ਆਰ (ਪ੍ਰੈ ਰੀ)-2016/195


ਭਗਤ ਪੂਰਨ ਸਿੰਘ ਸਿਹਤ ਬੀਮਾ
ਵਪਾਰੀ ਸਿਹਤ ਬੀਮਾ
ਸਬੰਧੀ ਮਿਤੀ 22 ਅਪ੍ਰੈਲ 2016 ਨੂੰ ਮੋਗਾ
ਜ਼ਿਲ੍ਹਾ ਪੱਧਰੀ



ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ
ਵਪਾਰੀ ਸਿਹਤ ਬੀਮਾ
ਸਬੰਧੀ ਮਿਤੀ 22 ਅਪ੍ਰੈਲ 2016 ਨੂੰ ਮੋਗਾ ਵਿਖੇ
ਜ਼ਿਲ੍ਹਾ ਪੱਧਰੀ ਸਮਾਗਮ


ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ
ਵਪਾਰੀ ਸਿਹਤ ਬੀਮਾ
ਸਬੰਧੀ ਮਿਤੀ 22 ਅਪ੍ਰੈਲ 2016 ਨੂੰ ਮੋਗਾ ਵਿਖੇ
ਜ਼ਿਲ੍ਹਾ ਪੱਧਰੀ ਸਮਾਗਮ
ਮੁੱਖ ਮਹਿਮਾਨ : ਸ. ਸ਼ਰਨਜੀਤ ਸਿੰਘ ਢਿੱਲੋਂ,
ਮੰਤਰੀ, ਪੰਜਾਬ




ਭਗਤ ਪੂਰਨ ਸਿੰਘ ਸਿਹਤ ਬੀਮਾ
ਵਪਾਰੀ ਸਿਹਤ ਬੀਮਾ
ਸਬੰਧੀ ਮਿਤੀ 22 ਅਪ੍ਰੈਲ 2016 ਨੂੰ ਮੋਗਾ
ਜ਼ਿਲ੍ਹਾ ਪੱਧਰੀ
ਪੰਜਾਬ ਸਰਕਾਰ